# Telephone conversation between Prime Minister and President of Philippines

June 09, 2020

---

## ਪ੍ਰਧਾਨ ਮੰਤਰੀ ਅਤੇ ਫਿਲੀਪੀਨਜ਼ ਦੇ ਰਾਸ਼ਟਰਪਤੀ ਵਿਚਾਲੇ ਹੋਈ ਟੈਲੀਫੋਨ 'ਤੇ ਗੱਲਬਾਤ

9 ਜੂਨ, 2020

ਪ੍ਰਧਾਨ ਮੰਤਰੀ ਨੇ ਅੱਜ ਫਿਲੀਪੀਨਜ਼ ਦੇ ਰਾਸ਼ਟਰਪਤੀ ਮਹਾਮਹਿਮ ਰੋਡ੍ਰਿਗੋ ਦੁਤੇਰਤੇ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ ਅਤੇ COVID -19 ਮਹਾਂਮਾਰੀ ਤੋਂ ਪੈਦਾ ਹੋਈਆਂ ਚੁਣੌਤੀਆਂ ਨਾਲ ਨਜਿੱਠਣ ਲਈ ਦੋਵਾਂ ਸਰਕਾਰਾਂ ਵੱਲੋਂ ਚੁੱਕੇ ਜਾ ਰਹੇ ਕਦਮਾਂ ਬਾਰੇ ਵਿਚਾਰ ਵਟਾਂਦਰਾ ਕੀਤਾ।

ਦੋਨਾਂ ਆਗੂਆਂ ਨੇ ਮੌਜੂਦਾ ਸਿਹਤ ਸੰਕਟ ਦੇ ਸਮੇਂ ਇੱਕ ਦੂਜੇ ਦੇ ਇਲਾਕੇ ਵਿੱਚ ਫਸੇ ਆਪਣੇ ਨਾਗਰਿਕਾਂ ਦੀ ਹਿਫਾਜ਼ਤ ਅਤੇ ਉਨ੍ਹਾਂ ਦੀ ਵਤਨ ਵਾਪਸੀ ਲਈ ਦਿੱਤੇ ਗਏ ਸਹਿਯੋਗ ਦੀ ਸ਼ਲਾਘਾ ਕੀਤੀ। ਫਿਲੀਪੀਨਜ਼ ਦੇ ਰਾਸ਼ਟਰਪਤੀ ਨੇ ਫਿਲਪੀਨਜ਼ ਨੂੰ ਜ਼ਰੂਰੀ ਦਵਾਈਆਂ ਦੇ ਉਤਪਾਦਾਂ ਦੀ ਸਪਲਾਈ ਕਾਇਮ ਰੱਖਣ ਲਈ ਭਾਰਤ ਵੱਲੋਂ ਚੁੱਕੇ ਗਏ ਕਦਮਾਂ ਦੀ ਵੀ ਸ਼ਲਾਘਾ ਕੀਤੀ।

ਪ੍ਰਧਾਨ ਮੰਤਰੀ ਨੇ ਮਹਾਂਮਾਰੀ ਖਿਲਾਫ ਜੰਗ ਵਿਚ ਫਿਲਪੀਨਜ਼ ਨੂੰ ਮਦਦ ਦੇਣ ਪ੍ਰਤੀ ਭਾਰਤ ਦੀ ਵਚਨਬੱਧਤਾ ਬਾਰੇ ਰਾਸ਼ਟਰਪਤੀ ਦੁਤਰਤੇ ਨੂੰ ਭਰੋਸਾ ਦਿਵਾਇਆ ਅਤੇ ਇਸ ਗੱਲ ਤੇ ਜ਼ੋਰ ਦੇ ਕੇ ਕਿਹਾ ਕਿ ਕਿਫਾਇਤੀ ਦਵਾਈਆਂ ਦੇ ਨਿਰਮਾਣ ਲਈ ਭਾਰਤ ਦੀ ਚੰਗੀ ਤਰ੍ਹਾਂ ਸਥਾਪਿਤ ਸਮਰੱਥਾ ਟੀਕਾ ਲੱਭੇ ਜਾਣ ਦੀ ਸੂਰਤ ਸਮੇਤ, ਸਾਰੀ ਮਨੁੱਖਤਾ ਦੇ ਫਾਇਦੇ ਲਈ ਇਸਤੇਮਾਲ ਕੀਤੀ ਜਾਂਦੀ ਰਹੇਗੀ।

ਦੋਨਾਂ ਆਗੂਆਂ ਨੇ ਰੱਖਿਆ ਸਹਿਯੋਗ ਸਮੇਤ ਦੁਵੱਲੇ ਸਬੰਧਾਂ ਦੇ ਸਾਰੇ ਪੱਖਾਂ ਵਿੱਚ ਪਿਛਲੇ ਸਾਲਾਂ ਅੰਦਰ ਹੋਈ ਤਰੱਕੀ ’ਤੇ ਆਪਣੀ ਤਸੱਲੀ ਸਾਂਝੀ ਕੀਤੀ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਫਿਲਪੀਨਜ਼ ਨੂੰ ਭਾਰਤ-ਪ੍ਰਸ਼ਾਂਤ ਖੇਤਰ ਅੰਦਰ ਮਹੱਤਵਪੂਰਨ ਭਾਈਵਾਲ ਵਜੋਂ ਵੇਖਦਾ ਹੈ।

ਪ੍ਰਧਾਨ ਮੰਤਰੀ ਨੇ ਮਹਾਮਹਿਮ ਰਾਸ਼ਟਰਪਤੀ ਦੁਤੇਰਤੇ ਅਤੇ ਫਿਲੀਪੀਨੀ ਲੋਕਾਂ ਨੂੰ ਆਉਂਦੇ ਫਿਲਪੀਨੀ ਰਾਸ਼ਟਰੀ ਦਿਵਸ ਲਈ ਆਪਣੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ।

ਨਵੀਂ ਦਿੱਲੀ

9 ਜੂਨ, 2020

DISCLAIMER: This is an approximate translation. The original is available in English on MEA’s website and may be referred to as the official press release.